**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 pm**

**ਮਿਤੀ: 14-04-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਹਿਸਾਰ ਹਵਾਈ ਅੱਡੇ 'ਤੇ ਅਯੁੱਧਿਆ ਲਈ ਇੱਕ ਵਪਾਰਕ ਉਡਾਣ ਦਾ ਉਦਘਾਟਨ ਕੀਤਾ ਅਤੇ ਟਰਮੀਨਲ-2 ਇਮਾਰਤ ਦਾ ਨੀਂਹ ਪੱਥਰ ਰੱਖਿਆ।ਇਸ ਮੌਕੇ ਇੱਕ ਜਨ ਸਭਾ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਭਾਰਤੀ ਜਨਤਾ ਪਾਰਟੀ ਦੀ ਸਮਾਵੇਸ਼ੀ ਵਿਕਾਸ ਪ੍ਰਤੀ ਵਚਨਬੱਧਤਾ ਪ੍ਰਗਟ ਕੀਤੀ। ਸ਼੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਦਾ ਮੰਤਰ ਸਾਰੇ ਦਲਿਤਾਂ, ਗਰੀਬਾਂ, ਦੱਬੇਕੁਚਲੇ ਅਤੇ ਪਛੜੇ ਭਾਈਚਾਰਿਆਂ ਦੇ ਤੇਜ਼ੀ ਨਾਲ ਵਿਕਾਸ ਲਈ ਕੰਮ ਕਰਨਾ ਏ। ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ ਨੂੰ ਸ਼ਰਧਾਂਜਲੀ ਭੇਟ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਜਨਮ ਵਰ੍ਹੇਗੰਢ ਦਲਿਤਾਂ, ਵਾਂਝੇ ਅਤੇ ਪਛੜੇ ਭਾਈਚਾਰਿਆਂ ਲਈ ਦੀਵਾਲੀ ਵਰਗੀ ਏ। ਸ਼੍ਰੀ ਮੋਦੀ ਨੇ ਕਿਹਾ ਕਿ ਬਾਬਾ ਸਾਹਿਬ ਦੇ

ਮੰਤਰ ਅਨੁਸਾਰ ਕੰਮ ਕਰਦੇ ਹੋਏ, ਭਗਵਾਨ ਕ੍ਰਿਸ਼ਨ ਦੇ ਜਨਮ ਸਥਾਨ ਤੋਂ ਭਗਵਾਨ ਰਾਮ ਦੇ ਜਨਮ ਸਥਾਨ, ਅਯੁੱਧਿਆ ਤੱਕ ਉਡਾਣ ਸ਼ੁਰੂ ਕਰ ਦਿੱਤੀ ਗਈ ਏ। ਉਨ੍ਹਾਂ ਇਸ ਗੱਲ 'ਤੇ ਖੁਸ਼ੀ ਪ੍ਰਗਟ ਕੀਤੀ ਕਿ, ਹਰਿਆਣਾ ਵਿਕਸਤ ਭਾਰਤ ਦੇ ਸੰਕਲਪ ਨੂੰ ਪੂਰਾ ਕਰਨ ਲਈ ਗੰਭੀਰਤਾ ਨਾਲ ਕੰਮ ਕਰ ਰਿਹਾ ਏ।

------------------------------------------------------------

ਦੇਸ਼ ਅੱਜ ਭਾਰਤੀ ਸੰਵਿਧਾਨ ਦੇ ਮੁੱਖ ਨਿਰਮਾਤਾ, ਡਾ. ਬੀ. ਆਰ. ਅੰਬੇਡਕਰ ਨੂੰ ਉਨ੍ਹਾਂ ਦੀ 134ਵੀਂ ਜਯੰਤੀ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ । ਇਸ ਮੌਕੇ ਕਈ ਸਮਾਗਮ ਕਰਾਏ ਜਾ ਰਹੇ ਨੇ. ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੇਂਦਰੀ ਮੰਤਰੀਆਂ, ਸੰਸਦ ਮੈਂਬਰਾਂ ਅਤੇ ਹੋਰ ਪਤਵੰਤਿਆਂ ਨੇ ਅੱਜ ਸੰਸਦ ਭਵਨ ਕੰਪਲੈਕਸ ਵਿੱਚ ਬਾਬਾ ਸਾਹਿਬ ਦੇ ਬੁੱਤ 'ਤੇ ਫੁੱਲਾਂ ਨਾਲ ਸ਼ਰਧਾਂਜਲੀ ਭੇਂਟ ਕੀਤੀ । ਲੋਕ ਸਭਾ ਸਪੀਕਰ ਓਮ ਬਿਰਲਾ, ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ, ਕੇਂਦਰੀ ਮੰਤਰੀਆਂ, ਸੰਸਦ ਮੈਂਬਰਾਂ, ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੇਤਾਵਾਂ ਨੇ ਸੰਵਿਧਾਨ

ਸਦਨ ਦੇ ਕੇਂਦਰੀ ਹਾਲ ਵਿੱਚ ਡਾ. ਅੰਬੇਡਕਰ ਦੀ ਤਸਵੀਰ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਡਾ. ਬੀ. ਆਰ. ਅੰਬੇਡਕਰ ਦੀ ਜਯੰਤੀ ਮੌਕੇ ਨਾਗਰਿਕਾਂ ਨੂੰ ਵਧਾਈ ਦਿੱਤੀ ਏ । ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਆਪਣੇ ਪ੍ਰੇਰਨਾਦਾਇਕ ਜੀਵਨ ਵਿੱਚ, ਬਾਬਾ ਸਾਹਿਬ ਨੇ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨ ਦੇ ਬਾਵਜੂਦ ਆਪਣੀ ਇੱਕ ਵੱਖਰੀ ਪਛਾਣ ਬਣਾਈ ਅਤੇ ਆਪਣੀਆਂ ਅਸਾਧਾਰਨ ਪ੍ਰਾਪਤੀਆਂ ਨਾਲ ਦੁਨੀਆ ਭਰ ਵਿੱਚ ਸਤਿਕਾਰ ਪ੍ਰਾਪਤ ਕੀਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ, ਇਹ ਡਾ. ਅੰਬੇਡਕਰ ਦੀ ਪ੍ਰੇਰਨਾ ਦੇ ਕਾਰਨ ਏ ਕਿ ਦੇਸ਼ ਅੱਜ ਸਮਾਜਿਕ ਨਿਆਂ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਸਮਰਪਿਤ ਹੋ ਕੇ ਕੰਮ ਕਰ ਰਿਹਾ ਏ।

---------------------------------------------------------------

ਇਧਰ ਪੰਜਾਬ ਵਿਚ ਵੀ ਭਾਰਤ ਰਤਨ ਡਾ. ਭੀਮ ਰਾਓ AMBEDKAR ਦੀ ਜਨਮ ਵਰ੍ਹੇਗੰਢ ਮੌਕੇ ਇੱਕ ਸੂਬਾ ਪਧਰੀ ਸਮਾਗਮ, ਪਟਿਆਲਾ ਦੀ ਪੰਜਾਬੀ ਯੂਨੀਵਰਸਿਟੀ ਵਿਖੇ ਕਰਾਇਆ

ਗਿਆ। ਇਸ ਸਮਾਗਮ ਵਿਚ ਮੁਖ – ਮੰਤਰੀ ਭਗਵੰਤ ਸਿੰਘ ਮਾਨ ਅਤੇ ਸਮਾਜਿਕ ਨਿਆਂ ਬਾਰੇ ਮੰਤਰੀ DR. ਬਲਜੀਤ ਕੌਰ ਸਮੇਤ ਕੁਝ ਹੋਰਨਾਂ ਉਘੀਆ ਸ਼ਖਸ਼ੀਅਤਾਂ ਨੇ ਸੰਬੋਧਨ ਕਰਦਿਆਂ ਸ਼ਰਧਾ ਦੇ ਫੁੱਲ ਭੇਂਟ ਕੀਤੇ। ਇਸ ਮੌਕੇ ਮੁਖ ਮੰਤਰੀ ਵੱਲੋਂ ਪੋਸਟ MATRIC SCHOLARSHIP SCHEME, ਆਸ਼ੀਰਵਾਦ ਯੋਜਨਾ, SC ਨਿਗਮ, ਅਤੇ ਪਛੜੀਆਂ ਸ਼੍ਰੇਣੀਆਂ ਬਾਰੇ ਨਿਗਮ ਦੇ ਲਾਭਪਾਤਰੀਆਂ ਨੂੰ ਵਧਾਈ ਪੱਤਰ ਸੌਂਪੇ ਗਏ। ਇਸੇ ਤਰ੍ਹਾਂ ਸੂਬੇ ਭਰ ਵਿਚ ਸਮਾਗਮ ਹੋ ਰਹੇ ਨੇ ਜਿਥੇ ਡਾ AMBEDKAR ਨੂੰ ਯਾਦ ਕੀਤਾ ਜਾ ਰਿਹਾ ਏ।

---------------------------------------------------------------

ਡਾ. AMBEDKAR ਦੇ ਜਨਮ ਦਿਵਸ ਨੂੰ ਸਮਰਪਿਤ ਲੋਕ ਭਲਾਈ ਵੈਲਫੇਅਰ ਸੁਸਾਇਟੀ ਵਲੋਂ ਕਲ੍ਹ ਬਸਤੀ ਬਾਵਾ ਖੇਲ ਵਿਖੇ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਦੇ ਬਾਗਬਾਨੀ, ਰੱਖਿਆ ਸੇਵਾਵਾਂ ਅਤੇ ਸੁਤੰਤਰਤਾ ਸੈਨਾਨੀਆਂ ਦੀ ਭਲਾਈ ਬਾਰੇ ਮੰਤਰੀ ਮਹਿੰਦਰ ਭਗਤ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ। ਇਸ ਮੌਕੇ ਮੇਅਰ ਵਨੀਤ ਧੀਰ ਵੀ ਉਨ੍ਹਾਂ ਦੇ ਨਾਲ ਸਨ। ਆਪਣੇ ਸੰਬੋਧਨ ਵਿਚ ਕੈਬਨਿਟ ਮੰਤਰੀ ਨੇ ਕਿਹਾ

ਕਿ ਭਾਰਤ ਰਤਨ ਡਾ. ਭੀਮ ਰਾਓ AMBEDKAR ਵਲੋਂ ਭਾਰਤੀ ਸੰਵਿਧਾਨ ਦੀ ਰਚਨਾ ਵਿੱਚ ਪਾਏ ਯੋਗਦਾਨ ਨੂੰ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਨੇ ਸਮਾਜ ਦੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਅਣਥੱਕ ਯਤਨ ਕੀਤੇ ਅਤੇ ਇਸ ਤੋਂ ਵੀ ਉਪਰ ਉਨ੍ਹਾਂ ਔਰਤਾਂ ਦੇ ਸ਼ਕਤੀਕਰਨ ਵਿੱਚ ਅਹਿਮ ਭੂਮਿਕਾ ਨਿਭਾਈ।

-----------------------------------------------------------

ਪੰਜਾਬ ਵਿੱਚ, ਮੋਹਾਲੀ ਸਾਈਬਰ ਅਪਰਾਧ ਪੁਲਿਸ ਨੇ ਵਿਰੋਧੀ ਧਿਰ ਦੇ ਨੇਤਾ ਅਤੇ ਸੀਨੀਅਰ ਕਾਂਗਰਸੀ ਸਿਆਸਤਦਾਨ, ਪ੍ਰਤਾਪ ਸਿੰਘ ਬਾਜਵਾ ‘ਤੇ ਰਾਸ਼ਟਰੀ ਸੁਰੱਖਿਆ ਨਾਲ ਸਮਝੌਤਾ ਕਰਨ ਵਾਲੀ ਗਲਤ ਜਾਣਕਾਰੀ ਫੈਲਾਉਣ ਦੇ ਇਲ੍ਜ਼ਾਮ ਹੇਠ BHARTIYA NYAY SANHITA, BNS ਦੀਆਂ ਕੁਝ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਏ। ਬਾਜਵਾ ਨੇ ਇੱਕ ਟੈਲੀਵਿਜ਼ਨ ਇੰਟਰਵਿਊ ਦੌਰਾਨ ਕਥਿਤ ਤੌਰ 'ਤੇ ਕਿਹਾ ਸੀ ਕਿ 50 ਬੰਬ ਜਾਂ ਗ੍ਰੇਨੇਡ ਪੰਜਾਬ ਵਿੱਚ ਤਸਕਰੀ ਕੀਤੇ ਗਏ ਸਨ, ਜਿਨ੍ਹਾਂ ਵਿੱਚੋਂ 18 ਪਹਿਲਾਂ ਹੀ ਵੱਖ-ਵੱਖ ਥਾਇਆਂ ‘ਤੇ ਹਮਲਿਆਂ ਸਮੇਤ ਦਹਿਸ਼ਤਗਰਦ ਗਤੀਵਿਧੀਆਂ ਵਿੱਚ ਵਰਤੇ ਜਾ ਚੁੱਕੇ ਨੇ. ਉਨ੍ਹਾਂ ਨੂੰ

ਇਸ ਮਾਮਲੇ ਵਿੱਚ ਅੱਜ ਦੁਪਹਿਰ ਬਾਅਦ ਮੋਹਾਲੀ ਦੇ ਇੱਕ ਪੁਲਿਸ ਥਾਣੇ ਵਿੱਚ ਪੁਲਿਸ ਸਾਹਮਣੇ ਪੇਸ਼ ਹੋਣ ਲਈ ਕਿਹਾ ਗਿਆ ਏ, ਤਾਂ ਜੋ ਓਹ, ਉਨ੍ਹਾਂ ਦੀ ਜਾਣਕਾਰੀ ਦਾ ਸਰੋਤ ਸਾਂਝਾ ਕਰ ਸਕਣ. ਇੱਕ ਸੀਨੀਅਰ ਪੁਲਿਸ ਅਧਿਕਾਰੀ, ਰਵਜੋਤ ਗਰੇਵਾਲ, ਕੱਲ੍ਹ ਇੱਕ ਪੁਲਿਸ ਟੀਮ ਦੇ ਨਾਲ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਗਏ ਸਨ, ਤਾਂ ਜੋ ਇਸ ਖੁਲਾਸੇ ਪਿਛੇ ਜਾਣਕਾਰੀ ਦੇ ਸਰੋਤ ਦਾ ਪਤਾ ਲਾਉਣ ਲਈ ਉਨ੍ਹਾਂ ਤੋਂ ਪੁੱਛਗਿੱਛ ਕੀਤੀ ਜਾ ਸਕੇ ਪਰ ਬਾਜਵਾ ਨੇ ਕਥਿਤ ਤੌਰ ‘ਤੇ ਕੁਝ ਵੀ ਨਹੀਂ ਦੱਸਿਆ। ਮੁੱਖ ਮੰਤਰੀ, ਭਗਵੰਤ ਮਾਨ ਨੇ ਵੀ ਉਨ੍ਹਾਂ ਤੋਂ ਜਾਣਕਾਰੀ ਦੇ ਸਰੋਤ ਦਾ ਖੁਲਾਸਾ ਕਰਨ ਲਈ ਸੁਆਲ ਕੀਤਾ।